# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-05-2024**

- ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਭਲਕੇ ਅੱਠ ਸੂਬਿਆਂ ਦੇ 58 ਹਲਕਿਆਂ ਵਿਚ ਹੋਣ ਵਾਲੀ ਵੋਟਿੰਗ ਲਈ ਸਾਰੀਆਂ ਤਿਆਰੀਆਂ ਮੁੱਕਮਲ।
- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਰਦਾਸਪੁਰ ਅਤੇ ਜਲੰਧਰ ਵਿਚ ਚੋਣ ਪ੍ਰਚਾਰ ਰੈਲੀਆਂ ਨੂੰ ਸੰਬੋਧਤ ਕੀਤਾ- ਕਿਹਾ ਕਾਂਗਰਸ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਭਵਿੱਖ ਨੂੰ ਦਾਅ ਤੇ ਲਗਾ ਰਹੇ ਨੇ।
- ਕਾਂਗਰਸ ਆਗੂ ਰਾਹੁਲ ਗਾਂਧੀ ਤੇ ਪ੍ਰਿਯੰਕਾ ਗਾਂਧੀ ਅਗਲੇ ਕੁਝ ਦਿਨਾਂ ਵਿਚ ਪੰਜਾਬ ਦੇ ਕਈ ਲੋਕਸਭਾ ਹਲਕਿਆਂ ਵਿਚ ਰੋਡ ਸ਼ੋ ਤੇ ਰੈਲੀਆਂ ਕਰਨਗੇ।
- ਗਰਮੀ ਦੇ ਤੇਵਰਾਂ ਵਿਚ ਕੋਈ ਕਮੀ ਨਹੀਂ, ਲੋਕ ਬੇਹਾਲ ।

-------------------------------------------------------

ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਭਲਕੇ ਅੱਠ ਸੂਬਿਆਂ ਦੇ 58 ਹਲਕਿਆਂ 'ਚ ਵੋਟਿੰਗ ਹੋਵੇਗੀ । ਇਨ੍ਹਾਂ ਵਿੱਚ ਬਿਹਾਰ ਦੇ 8, ਹਰਿਆਣਾ ਦੇ ਸਾਰੇ ਹੀ 10, ਜੰਮੂ-ਕਸ਼ਮੀਰ ਵਿੱਚ ਇੱਕ, ਝਾਰਖੰਡ ਦੇ ਚਾਰ, ਦਿੱਲੀ ਦੇ ਸਾਰੇ 7, ਉੜੀਸਾ ਦੇ 6, ਉੱਤਰ ਪ੍ਰਦੇਸ਼ ਦੇ 14 ਅਤੇ ਪੱਛਮੀ ਬੰਗਾਲ ਦੇ 8 ਹਲਕੇ ਸ਼ਾਮਲ ਨੇ । ਇਨ੍ਹਾਂ 58 ਲੋਕ ਸਭਾ ਹਲਕਿਆਂ ਲਈ ਕੁੱਲ 889 ਉਮੀਦਵਾਰ ਚੋਣ ਮੈਦਾਨ ਵਿੱਚ ਨਿਤਰੇ ਹੋਏ ਨੇ। ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗੀ। ਇਨਾਂ ਚੋਣਾਂ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ ਅਤੇ ਚੋਣ ਅਮਲੇ ਨੇ ਪੋਲਿੰਗ ਕੇਂਦਰਾਂ ਤੇ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਨੂੰ ਸਥਾਪਤ ਕਰ ਲਿਆ ਏ।

-------------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਭਵਿੱਖ ਨੂੰ ਦਾਅ ਤੇ ਲਗਾ ਰਹੇ ਨੇ ਅਤੇ ਨਸ਼ੇ ਦੀ ਬੁਰਾਈ ਅੱਜ

ਬੁਰੀ ਤਰ੍ਹਾਂ ਨਾਲ ਫੈਲ ਰਹੀ ਏ। ਗੁਰਦਾਸਪੁਰ ਦੇ ਦੀਨਾਨਗਰ ਵਿਖੇ ਅੱਜ BJP ਦੀ ਫਤਿਹ ਰੈਲੀ ਨੂੰ ਸੰਬੋਧਤ ਕਰਦਿਆਂ, ਉਨਾਂ ਕਿਹਾ ਕਿ ਦੇਸ਼ ਹਿਤ ਦੀ ਗੱਲ ਆਉਣ ਤੇ ਕਾਂਗਰਸ ਪਾਰਟੀ ਪਿਛੇ ਖੜੀ ਨਜ਼ਰ ਆਉਂਦੀ ਏ ਅਤੇ ਅੱਜ ਵੀ ਪੰਜਾਬ ਨੂੰ ਰੀਮੋਟ ਨਾਲ ਚਲਾਉਣ ਦੀ ਕੋਸ਼ਿਸ਼ ਹੋ ਰਹੀ ਏ ਤੇ ਪੰਜਾਬ ਦੇ ਮੁੱਖ ਮੰਤਰੀ ਖੁਦ ਕੋਈ ਫੈਸਲਾ ਨਹੀਂ ਲੈ ਰਹੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸੂਬੇ ਦਾ ਵਿਕਾਸ BJP ਦੀ ਪਹਿਲ ਏ ਅਤੇ ਇਹ ਯਤਨ ਏ ਕਿ ਪੰਜਾਬ ਵਿਚ ਨਵੇਂ ਮੌਕੇ ਪੈਦਾ ਹੋਣ, ਜਿਸ ਨਾਲ ਕਿਸਾਨਾਂ ਤੇ ਹੋਰਨਾਂ ਨੂੰ ਵੀ ਲਾਭ ਹੋਵੇ। ਉਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਰਿਕਾਰਡ ਪੱਧਰ ਤੇ ਕਣਕ ਤੇ ਝੋਨੇ ਦੀ ਖਰੀਦ ਐਮ ਐਸ ਪੀ ਤੇ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਗੁਰਦਾਸਪੁਰ ਦੀ ਇਸ ਪਵਿੱਤਰ ਧਰਤੀ ਨੂੰ, ਉਹ ਸਿਜਦਾ ਕਰਦੇ ਨੇ ਜਿਥੇ ਲੰਬੇ ਸਮੇ ਲਈ ਉਨਾਂ ਨੂੰ ਕੰਮ ਕਰਨ ਦਾ ਮੌਕਾ ਮਿਲਿਆ। ਉਨਾਂ ਕਿਹਾ ਕਿ ਉਹ, ਗੁਰਦਾਸਪੁਰ, ਪੰਜਾਬ ਅਤੇ ਦੇਸ਼ ਦੇ ਤੇਜ਼ ਵਿਕਾਸ ਵਾਸਤੇ ਉਨ੍ਹਾਂ ਦੀ ਆਸ ਤੇ ਖਰਾ ਉਤਰਨ ਲਈ ਅਸ਼ੀਰਵਾਦ ਮੰਗਣ ਆਏ ਨੇ। ਉਨਾਂ ਕਿਹਾ ਕਿ ਇੰਡੀ ਗਠਜੋੜ ਵਾਲੇ ਲੋਕਾਂ ਨੂੰ ਮੂਰਖ ਬਣਾ ਰਹੇ ਨੇ, ਕਿਓਂਕਿ

ਪੰਜਾਬ ਵਿਚ ਇਕ ਦੂਜੇ ਨੂੰ ਬੁਰਾ ਭਲਾ ਕਹਿ ਰਹੇ ਨੇ ਅਤੇ ਦਿਲੀ ਵਿਚ ਦੋਸਤ ਹੋਣ ਦਾ ਵਿਖਾਵਾ ਕਰ ਰਹੇ ਨੇ ਪਰ ਹੁਣ ਜਨਤਾ ਜਾਣ ਗਈ ਏ, ਕਿ ਇਨਾਂ ਦੋਹਾਂ ਦੀ ਦੁਕਾਨ ਦਾ ਸ਼ਟਰ ਇਕ ਹੀ ਏ। ਉਨ੍ਹਾਂ ਕਿਹਾ ਕੀ ਦੇਸ਼ ਨੂੰ ਸਬ ਤੋ ਵੱਧ ਜ਼ਖਮ ਇੰਡੀ ਗੜਜੋੜ ਨੇ ਹੀ ਦਿੱਤੇ ਨੇ ਅਤੇ ਕਾਂਗਰਸ ਨੇ ਦਿੱਲੀ ਵਿਚ ਸਿੱਖਾਂ ਦਾ ਕਤਲੇਆਮ ਕਰਾਇਆ ਤੇ ਨਰੇਂਦਰ ਮੋਦੀ ਨੇ ਉਹ ਫਾਈਲਾਂ ਖੁਲਵਾਈਆਂ ਤੇ ਨਿਆਂ ਦਵਾਇਆ।

---------------------------------------------------------------

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਪਾਰਟੀ ਦੇ ਚੋਣ ਪ੍ਰਚਾਰ ਵਿਚ ਰੁਝੇ ਹੋਏ ਨੇ। ਹੁਸ਼ਿਆਰਪੁਰ ਲੋਕਸਭਾ ਹਲਕੇ ਦੇ ਭੁਲੱਥ ਵਿਖੇ ਅੱਜ ਇਕ ਲੋਕ ਮਿਲਣੀ ਸਮਾਗਮ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਲੋਕਾਂ ਤੋਂ ਬਹੁਤ ਪਿਆਰ ਮਿਲ ਰਿਹਾ ਏ ਅਤੇ ਅੱਤ ਦੀ ਗਰਮੀ ਦੇ ਬਾਵਜੂਦ ਲੋਕ ਉਨਾਂ ਦੀਆਂ ਰੈਲੀਆਂ ਵਿਚ ਵੱਡੀ ਗਿਣਤੀ ਵਿਚ ਆ ਰਹੇ ਨੇ। ਉਨਾਂ ਕਿਹਾ ਕਿ ਸਰਕਾਰ ਨੇ ਲੋਕਾਂ ਦੇ ਪੱਖ ਵਿਚ ਕਈ ਫੈਸਲੇ ਲਏ ਨੇ ਅਤੇ ਇਨਾਂ ਦਾ ਲੋਕਾਂ ਨੂੰ ਫਾਇਦਾ ਹੋ ਰਿਹਾ ਏ। ਭਗਵੰਤ ਸਿੰਘ ਮਾਨ ਨੇ

ਦਾਅਵਾ ਕੀਤਾ ਕਿ ਇਨਾਂ ਚੋਣਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਲੋਕਾਂ ਦਾ ਭਾਰੀ ਸਮਰਥਨ ਮਿਲ ਰਿਹਾ ਏ। ਉਨਾਂ ਕਿਹਾ ਕਿ ਇਸ ਵਾਰ ਦੀ ਚੋਣ ਸੰਵਿਧਾਨ ਨੂੰ ਬਚਾਉਣ ਵਾਲੀ ਚੋਣ ਏ ਅਤੇ BJP ਵਲੋਂ ਨਫਰਤ ਦੀ ਸਿਆਸਤ ਕਰਦਿਆਂ ਰੋਜ ਇਕ ਦੂਜੇ ਨੂੰ ਲੜਾਉਣ ਦਾ ਯਤਨ ਕੀਤਾ ਜਾ ਰਿਹਾ ਏ। ਉਨਾਂ ਦੇਸ਼ ਵਿਚ ਇੰਡੀਆ ਗਠਜੋੜ ਦੀ ਸਰਕਾਰ ਬਣਨ ਦਾ ਦਾਅਵਾ ਵੀ ਕੀਤਾ।

-----------------------------------------------------------------

ਸ੍ਰੀ ਅਨੰਦਪੁਰ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਵਿਜੇ ਇੰਦਰ ਸਿੰਗਲਾ ਦੇ ਹੱਕ ਵਿੱਚ ਰੂਪਨਗਰ ਜ਼ਿਲੇ ਦੇ ਨੂਰਪੁਰ ਬੇਦੀ ਵਿਖੇ ਅੱਜ ਇਕ ਚੋਣ ਰੈਲੀ ਕੀਤੀ ਗਈ। ਇਸ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਸਚਿਨ ਪਾਇਲਟ ਨੇ, ਕੇਂਦਰ ਸਰਕਾਰ ਦੀ ਆਲੋਚਨਾ ਕੀਤੀ ਤੇ ਕਿਹਾ ਕਿ ਸੰਵਿਧਾਨਕ ਸੰਸਥਾਵਾਂ ਨੂੰ ਸਰਕਾਰ ਨੇ ਕਮਜ਼ੋਰ ਕੀਤਾ ਏ ਅਤੇ ਸਨਅਤਕਾਰਾਂ ਨੂੰ ਅਮੀਰ ਕਰਕੇ ਆਮ ਲੋਕਾਂ ਨੂੰ ਗਰੀਬ ਕੀਤਾ ਏ। ਉਨ੍ਹਾਂ ਕਿਹਾ ਕਿ ਦੇਸ਼ ਵਿਚ ਕਾਂਗਰਸ ਤੇ ਗਠਜੋੜ ਦੀ ਸਰਕਾਰ ਬਣਨ ਤੇ ਕਿਸਾਨਾਂ ਨੂੰ MSP ਪਹਿਲ ਦੇ

ਅਧਾਰ ਤੇ ਦਿੱਤੀ ਜਾਵੇਗੀ। ਸਚਿਨ ਪਾਇਲਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋਂ ਵਾਅਦੇ ਲੋਕਾਂ ਨਾਲ ਕੀਤੇ ਗਏ ਸਨ, ਓਹ ਪੂਰੇ ਨਹੀਂ ਹੋਏ ਅਤੇ ਹੁਣ ਲੋਕ ਇਹਨਾਂ ਨੂੰ ਸਬਕ ਸਿਖਾਉਣਗੇ। ਉਨਾਂ ਕਿਹਾ ਕਿ ਉਹ ਸੂਬੇ ਵਿੱਚ ਪ੍ਰਚਾਰ ਕਰ ਰਹੇ ਨੇ ਅਤੇ ਇਹ ਦੇਖਣ ਨੂੰ ਮਿਲਿਆ ਏ ਕਿ ਲੋਕ ਕਾਂਗਰਸ ਪਾਰਟੀ ਦੇ ਹੱਕ ਵਿੱਚ ਨੇ। ਵਿਜੇ ਇੰਦਰ ਸਿੰਗਲਾ ਨੇ ਕਿਹਾ ਕਿ ਅਗਨੀਵੀਰ ਭਰਤੀ ਬੰਦ ਕਰਕੇ ਪੁਰਾਣਾ ਸਿਸਟਮ ਬਹਾਲ ਕੀਤਾ ਜਾਵੇਗਾ ਅਤੇ ਫੌਜ ਵਿੱਚ ਭਰਤੀ ਹੋਣ ਵਾਲੇ ਨੌਜਵਾਨਾਂ ਨੂੰ ਪੈਨਸ਼ਨ ਵੀ ਦਿੱਤੀ ਜਾਵੇਗੀ।

------------------------------------------------------------

ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜਲੰਧਰ ਲੋਕ ਸਭਾ ਹਲਕੇ ਦੇ ਉਮੀਦਵਾਰ ਮਹਿੰਦਰ ਸਿੰਘ ਕੇ. ਪੀ. ਦੇ ਹੱਕ ਵਿਚ ਸ਼ਾਹਕੋਟ ਵਿਖੇ ਅੱਜ ਇਕ ਵਿਸ਼ਾਲ ਚੋਣ ਰੈਲੀ ਕੀਤੀ ਗਈ। ਇਸ ਮੌਕੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਚੇਚੇ ਤੌਰ ’ਤੇ ਪਹੁੰਚੇ। ਆਪਣੇ ਸੰਬੋਧਨ ਵਿਚ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ, ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਕਰ

ਸਕਦੀ ਏ। ਉਨ੍ਹਾਂ ਕਿਹਾ ਕਿ ਪੰਜਾਬ ਦਾ ਜਿਨਾਂ ਵੀ ਵਿਕਾਸ ਹੋਇਆ ਏ, ਉਹ ਅਕਾਲੀ ਸਰਕਾਰਾਂ ਵੇਲੇ ਹੀ ਹੋਇਆ ਏ। ਸੁਖਬੀਰ ਸਿੰਘ ਬਾਦਲ ਨੇ ਸਮੂਹ ਪੰਜਾਬੀਆਂ ਨੂੰ, ਪੰਜਾਬ ਦੀ ਆਪਣੀ ਪਾਰਟੀ ਅਕਾਲੀ ਦਲ ਨੂੰ ਲੋਕ ਸਭਾ ਚੋਣਾਂ ਵਿਚ ਜੇਤੂ ਬਣਾਉਣ ਦੀ ਅਪੀਲ ਕੀਤੀ।

---------------------------------------------------

ਪੰਜਾਬ ਦੀ ਮਾਲਵਾ ਪੱਟੀ ਵਿੱਚ ਪੈਂਦਾ ਬਠਿੰਡਾ ਹਲਕਾ, ਚਿੱਟੇ ਸੋਨੇ ਯਾਨੀ ਨਰਮੇ ਦੀ ਪੈਦਾਵਾਰ ਲਈ ਜਾਣਿਆ ਜਾਂਦਾ ਏ। ਇੱਥੇ ਅੱਠ ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 18 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਹਲਕੇ ਵਿਚ ਕੁਲ 16 ਲੱਖ 51 ਹਜ਼ਾਰ 188 ਵੋਟਰ ਨੇ, ਜਿਨਾਂ ਵਿਚ 8 ਲੱਖ 70 ਹਜ਼ਾਰ 14 ਮਰਦ, 7 ਲੱਖ 81 ਹਜ਼ਾਰ 140 ਮਹਿਲਾ ਅਤੇ 46 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਵੋਟਰਾਂ ਲਈ ਕੁੱਲ ਇਕ ਹਜ਼ਾਰ 814 ਪੋਲਿੰਗ ਸਟੇਸ਼ਨ ਬਣਾਏ ਗਏ ਨੇ।

***ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਬਠਿੰਡਾ ਲੋਕ ਸਭਾ ਹਲਕਾ ਹਰਿਆਣਾ ਅਤੇ ਰਾਜਸਥਾਨ ਦੇ ਨਾਲ ਲੱਗਦੇ ਕੁੱਲ 9 ਸ਼ਹਿਰੀ ਅਤੇ ਦਿਹਾਤੀ ਵਿਧਾਨ ਸਭਾ ਹਲਕਿਆਂ ਤੋਂ ਬਣਿਆ ਏ। ਮੌਜੂਦਾ ਸੰਸਦ***

ਮੈਂਬਰ ਹਰਸਿਮਰਤ ਕੌਰ ਬਾਦਲ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਨੇ ਜਿਹੜੇ ਲਗਾਤਾਰ ਚੌਥੀ ਜਿੱਤ ਲਈ ਲੋਕਾਂ ਨੂੰ ਲੁਭਾਉਣ ਦੀ ਕੋਸ਼ਿਸ਼ ਕਰ ਰਹੇ ਨੇ। ਭਾਵੇਂ ਇਹ ਹਲਕਾ ਰਵਾਇਤੀ ਤੌਰ 'ਤੇ ਬਾਦਲ ਪਰਿਵਾਰ ਦਾ ਗੜ੍ਹ ਰਿਹਾ ਏ ਪਰ ਅਕਾਲੀ ਦਲ ਦੀ ਭਾਈਵਾਲ ਭਾਜਪਾ ਨੇ ਵੀ ਪਿਛਲੇ ਸਮੇਂ ਵਿੱਚ ਇਨ੍ਹਾਂ ਦੀਆਂ ਜਿੱਤਾਂ ਵਿੱਚ ਯੋਗਦਾਨ ਪਾਇਆ ਏ। ਇਸ ਵਾਰ ਸਥਿਤੀ ਵੱਖਰੀ ਏ ਅਤੇ ਉਨ੍ਹਾਂ ਨੂੰ ਭਾਜਪਾ ਦੀ ਪਰਮਪਾਲ ਕੌਰ ਸਿੱਧੂ ਤੋਂ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਏ, ਜਿਨਾਂ ਆਪਣਾ ਸਫ਼ਰ ਨੌਕਰਸ਼ਾਹ ਤੋਂ ਸਿਆਸਤਦਾਨ ਤੱਕ ਸ਼ੁਰੂ ਕੀਤਾ ਏ। ਦੇਖਣ ਵਾਲੀ ਗੱਲ ਇਹ ਏ ਕਿ ਭਾਵੇਂ ਹਰਸਿਮਰਤ ਕੌਰ ਬਾਦਲ ਇੱਥੋਂ ਜਿੱਤਦੇ ਰਹੇ ਨੇ ਪਰ ਉਨ੍ਹਾਂ ਦਾ ਵੋਟ ਬੈਂਕਹਮੇਸ਼ਾ ਹੀ ਥੱਲੇ ਆਉਂਦਾ ਰਿਹਾ ਏ। ਆਮ ਆਦਮੀ ਪਾਰਟੀ ਦੇ ਉਮੀਦਵਾਰ ਸੂਬਾ ਸਰਕਾਰ ਵਿੱਚ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੀ ਦੋ ਸਾਲਾਂ ਦੀਆਂ ਪ੍ਰਾਪਤੀਆਂ ਗਿਣਾਂ ਕੇ ਆਪਣੀ ਮੁਹਿੰਮ ਨੂੰ ਅੱਗੇ ਵਧਾ ਰਹੇ ਨੇ ਜਦਕਿ ਕਾਂਗਰਸ ਪਾਰਟੀ ਦੇ ਜੀਤ ਮਹਿੰਦਰ ਸਿੰਘ ਸਿੱਧੂ ਅਤੇ ਬਹੁਜਨ ਸਮਾਜ ਪਾਰਟੀ ਦੇ ਨਿੱਕਾ ਸਿੰਘ

*ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਲਖਵੀਰ ਸਿੰਘ ਲੱਖਾ ਸਿਧਾਣਾ ਵੀ ਦਿਨ ਰਾਤ ਇੱਕ ਕਰ ਰਹੇ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਤੋਂ ਰਾਹਤ ਮਿਲਣ ਦੀ ਫਿਲਹਾਲ ਕੋਈ ਆਸ ਨਹੀਂ ਏ । ਆਉਂਦੇ ਦਿਨਾਂ ਵਿਚ ਤਾਪਮਾਨ ਹੋਰ ਵੱਧ ਸਕਦਾ ਏ। ਭਾਵੇਂ ਅੱਜ ਤਾਪਮਾਨ ਵਿਚ 1.4 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ਼ ਕੀਤੀ ਗਈ ਏ ਪਰ ਗਰਮੀ ਦਾ ਜ਼ੋਰ ਪਹਿਲਾਂ ਵਾਂਗ ਹੀ ਕਾਇਮ ਏ। ਬਠਿੰਡਾ ਦਾ ਤਾਪਮਾਨ ਪਿਛਲੇ ਕਈ ਦਿਨਾਂ ਤੋਂ ਸਭ ਤੋਂ ਵੱਧ ਦਰਜ ਕੀਤਾ ਜਾ ਰਿਹਾ ਏ । ਮੌਸਮ ਵਿਭਾਗ ਨੇ ਹੀਟ ਵੇਵ ਸੰਬੰਧੀ ਓਰੇਂਜ ਅਲਰਟ ਜਾਰੀ ਕੀਤਾ ਏ। ਅੱਤ ਦੀ ਗਰਮੀ ਤੋਂ ਬਚਣ ਲਈ ਲੋਕਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਪਾਣੀ ਪੀਣ ਅਤੇ ਅਲਕੋਹਲ ਤੇ ਕੈਫ਼ੀਨ ਵਾਲੇ ਪੀਣ ਵਾਲੇ ਪਦਾਰਥਾਂ ਤੋਂ ਗੁਰੇਜ਼ ਕਰਨ, ਗਰਮੀ ਦੇ ਸਿਖਰ ਯਾਨੀ ਸਵੇਰੇ 11 ਤੋਂ ਸ਼ਾਮ 4 ਵਜੇ ਦੌਰਾਨ ਘਰ ਅੰਦਰ ਰਹਿਣ ਅਤੇ ਕਿਸੇ ਜ਼ਰੂਰੀ ਕੰਮ ਹੋਣ 'ਤੇ ਹੀ ਘਰ ਤੋਂ ਬਾਹਰ ਜਾਣ ਸਮੇਂ ਹਲਕੇ ਰੰਗ ਦੇ

ਕੱਪੜੇ ਪਾਉਣ, ਆਪਣੇ ਸਿਰ ਨੂੰ ਟੋਪੀ, ਕੱਪੜੇ ਜਾਂ ਛੱਤਰੀ ਨਾਲ ਢੱਕ ਕੇ ਜਾਣ ਦੀ ਅਪੀਲ ਕੀਤੀ ਏ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ, ਇਸ ਲਈ ਇਨਾਂ ਦਾ ਖਾਸ ਧਿਆਨ ਰੱਖਣ ਲਈ ਆਖਿਆ ਗਿਆ ਏ। ਇਸਤੋਂ ਇਲਾਵਾ ਗਰਮੀ ਨਾਲ ਸੰਬੰਧਿਤ ਬਿਮਾਰੀਆਂ ਦੇ ਲੱਛਣ ਜਿਵੇਂ ਕਿ ਥਕਾਵਟ ਤੇ ਚੱਕਰ ਆਉਣਾ, ਸਿਰ ਦਰਦ, ਤੇਜ਼ ਧੜਕਣ ਅਤੇ ਬੇਹੋਸ਼ੀ ਹੋਣ ਦੇ ਮਾਮਲੇ ਵਿੱਚ ਤੁਰੰਤ ਡਾਕਟਰ ਕੋਲ ਜਾਣ ਦੀ ਸਲਾਹ ਦਿੱਤੀ ਗਈ ਏ।

---

ਪੰਜਾਬ ਦੇ ਲੁਧਿਆਣਾ ਜ਼ਿਲੇ ਦੇ ਮਾਛੀਵਾੜਾ ਦੇ ਬਹਿਲੋਲ-ਪੁਰ ਨੇੜੇ ਸ਼ਰਧਾਲੂਆਂ ਦੇ ਵਾਹਨ ਦੇ ਨਹਿਰ ਕੰਢੇ ਪਲਟਣ ਨਾਲ ਤਿੰਨ ਬੱਚਿਆਂ ਸਮੇਤ ਪੰਜ ਜਣਿਆਂ ਦੀ ਮੌਤ ਹੋ ਗਈ, ਜਦਕਿ 10 ਤੋਂ ਜਿਆਦਾ ਜਣੇ ਜ਼ਖਮੀ ਹੋ ਗਏ, ਜਿਨ੍ਹਾਂ ਦਾ ਚਮਕੌਰ ਸਾਹਿਬ ਦੇ ਸਿਵਲ ਹਸਪਤਾਲ ’ਚ ਇਲਾਜ ਕੀਤਾ ਜਾ ਰਿਹਾ ਏ। ਘਟਨਾ ਦੀ ਸੂਚਨਾ ਮਿਲਣ 'ਤੇ ਪੁਲਿਸ ਪ੍ਰਸ਼ਾਸਨ ਰਾਹਤ ਕਾਰਜ ਵਿਚ ਜੁੱਟ ਗਿਆ। ਦੱਸਿਆ ਜਾਂਦਾ ਏ ਕਿ ਇਹ ਸਾਰੇ ਇਕ ਧਾਰਮਿਕ ਸਥਾਨ ਤੋਂ ਪਰਤ ਰਹੇ ਸਨ।

---

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਭਲਕੇ ਅੱਠ ਸੂਬਿਆਂ ਦੇ 58 ਹਲਕਿਆਂ ਵਿਚ ਹੋਣ ਵਾਲੀ ਵੋਟਿੰਗ ਲਈ ਸਾਰੀਆਂ ਤਿਆਰੀਆਂ ਮੁੱਕਮਲ।
- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਰਦਾਸਪੁਰ ਅਤੇ ਜਲੰਧਰ ਵਿਚ ਚੋਣ ਪ੍ਰਚਾਰ ਰੈਲੀਆਂ ਨੂੰ ਸੰਬੋਧਤ ਕੀਤਾ- ਕਿਹਾ ਕਾਂਗਰਸ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਭਵਿੱਖ ਨੂੰ ਦਾਅ ਤੇ ਲਗਾ ਰਹੇ ਨੇ।
- ਕਾਂਗਰਸ ਆਗੂ ਰਾਹੁਲ ਗਾਂਧੀ ਤੇ ਪ੍ਰਿਯੰਕਾ ਗਾਂਧੀ ਅਗਲੇ ਕੁਝ ਦਿਨਾਂ ਵਿਚ ਪੰਜਾਬ ਦੇ ਕਈ ਲੋਕਸਭਾ ਹਲਕਿਆਂ ਵਿਚ ਰੋਡ ਸ਼ੋ ਤੇ ਰੈਲੀਆਂ ਕਰਨਗੇ।
- ਗਰਮੀ ਦੇ ਤੇਵਰਾਂ ਵਿਚ ਕੋਈ ਕਮੀ ਨਹੀਂ, ਲੋਕ ਬੇਹਾਲ ।